**ੴ ਸਤਿਗੁਰ ਪ੍ਰਸਾਦਿ ॥ ਸਲੋਕ ਮਃ ੫ ॥ ਜੈਸਾ ਸਤਿਗੁਰੁ ਸੁਣੀਦਾ ਤੈਸੋ ਹੀ ਮੈ ਡੀਠੁ ॥ ਵਿਛੁੜਿਆ ਮੇਲੇ ਪ੍ਰਭੂ ਹਰਿ ਦਰਗਹ ਕਾ ਬਸੀਠੁ ॥ ਹਰਿ ਨਾਮੋ ਮੰਤ੍ਰੁ ਦ੍ਰਿੜਾਇਦਾ ਕਟੇ ਹਉਮੈ ਰੋਗੁ ॥ ਨਾਨਕ ਸਤਿਗੁਰੁ ਤਿਨਾ ਮਿਲਾਇਆ ਜਿਨਾ ਧੁਰੇ ਪਇਆ ਸੰਜੋਗੁ ॥੧॥** {ਪੰਨਾ 957}

ਪਦਅਰਥ:- ਬਸੀਠੁ—ਵਿਚੋਲਾ, ਵਕੀਲ। ਮੰਤ੍ਰੁ—ਉਪਦੇਸ਼। ਧੁਰੇ—ਧੁਰ ਤੋਂ, ਮੁੱਢ ਤੋਂ। ਸੰਜੋਗੁ—ਮੇਲ, ਮਿਲਾਪ।

ਅਰਥ:- ਸਤਿਗੁਰੂ ਜਿਹੋ ਜਿਹਾ ਸੁਣੀਦਾ ਸੀ, ਉਹੋ ਜਿਹਾ ਜਿਹਾ ਹੀ ਮੈਂ (ਅੱਖੀਂ) ਵੇਖ ਲਿਆ ਹੈ, ਗੁਰੂ ਪ੍ਰਭੂ ਦੀ ਹਜ਼ੂਰੀ ਦਾ ਵਿਚੋਲਾ ਹੈ, ਪ੍ਰਭੂ ਤੋਂ ਵਿੱਛੜਿਆਂ ਨੂੰ (ਮੁੜ) ਪ੍ਰਭੂ ਨਾਲ ਮਿਲਾ ਦੇਂਦਾ ਹੈ, ਪ੍ਰਭੂ ਦਾ ਨਾਮ ਸਿਮਰਨ ਦਾ ਉਪਦੇਸ਼ (ਜੀਵ ਦੇ ਹਿਰਦੇ ਵਿਚ) ਪੱਕਾ ਕਰ ਦੇਂਦਾ ਹੈ (ਤੇ ਇਸ ਤਰ੍ਹਾਂ ਉਸ ਦਾ) ਹਉਮੈ ਦਾ ਰੋਗ ਦੂਰ ਕਰ ਦੇਂਦਾ ਹੈ।

ਪਰ, ਹੇ ਨਾਨਕ! ਪ੍ਰਭੂ ਉਹਨਾਂ ਨੂੰ ਹੀ ਗੁਰੂ ਮਿਲਾਉਂਦਾ ਹੈ ਜਿਨ੍ਹਾਂ ਦੇ ਭਾਗਾਂ ਵਿਚ ਧੁਰੋਂ ਇਹ ਮੇਲ ਲਿਖਿਆ ਹੁੰਦਾ ਹੈ।1।